# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ ਪੰਜਾਬੀ

**13:10**

**ਮਿਤੀ : 13-10-2026**

ਮਾਨਸਾ ਵਿੱਚ ਇੱਕ ਕੈਮਿਸਟ ਨੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੀ ਦਿਨ-ਦਿਹਾੜੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਏ। ਇਸ ਬਾਰੇ ਜਾਣਕਾਰੀ ਅਨੁਸਾਰ, ਪਰਵਿੰਦਰ ਸਿੰਘ ਕੈਮਿਸਟ ਦੀ ਦੁਕਾਨ 'ਤੇ ਕਥਿਤ ਤੌਰ 'ਤੇ ਨਸ਼ੀਲੀਆਂ ਦਵਾਈਆਂ ਵੇਚਣ ਦਾ ਵਿਰੋਧ ਕਰਨ ਗਿਆ ਸੀ। ਨਸ਼ਾ ਵਿਰੋਧੀ ਕਾਰਕੁਨ ਅਤੇ ਉਸਦੇ ਸਾਥੀਆਂ ਨਾਲ ਬਹਿਸ ਦੌਰਾਨ, ਕੈਮਿਸਟ ਨੇ ਪਰਵਿੰਦਰ 'ਤੇ ਗੋਲੀ ਚਲਾ ਦਿੱਤੀ। ਉਸਨੂੰ ਸਿਵਲ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਮਾਨਸਾ ਸਿਵਲ ਹਸਪਤਾਲ ਦੇ ਐਸਐਮਓ ਡਾ: ਗੁਰਮੇਲ ਸਿੰਘ ਨੇ ਕਿਹਾ ਕਿ ਪਰਵਿੰਦਰ ਸਿੰਘ ਨੂੰ ਤਿੰਨ ਗੋਲੀਆਂ ਲੱਗੀਆਂ ਨੇ। ਭਾਜਪਾ, ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਸਮੇਤ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂਆਂ ਨੇ ਇਸ ਘਟਨਾ ਦੀ ਨਿਖੇਧੀ

ਕੀਤੀ ਏ ਤੇ ਵਿਗੜਦੇ ਕਾਨੂੰਨ ਪ੍ਰਬੰਧ ਲਈ ਸੂਬਾ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਏ।

---------------------------------------------------------------------------

ਫਾਜ਼ਿਲਕਾ ਜ਼ਿਲ੍ਹੇ ਨੂੰ ਭਾਰਤ ਸਰਕਾਰ ਵੱਲੋਂ ਸਪਾਂਸਰ ਕੀਤੀ ਗਈ ਪ੍ਰਧਾਨ ਮੰਤਰੀ ਧਨ-ਧਾਨਿਆ ਕ੍ਰਿਸ਼ੀ ਯੋਜਨਾ ਦੇ ਤਹਿਤ ਇਸ ਯੋਜਨਾ ਦੇ ਇੱਕ ਸਾਲ ਪੂਰੇ ਹੋਣ 'ਤੇ ਨਵੀਂ ਦਿੱਲੀ ਵਿਖੇ ਹੋਈ ਕੌਮੀ ਕਾਨਫਰੰਸ ਦੌਰਾਨ ਕੇਂਦਰੀ ਪੱਧਰ 'ਤੇ ਇਸ ਜ਼ਿਲ੍ਹੇ ਦੇ ਕੰਮ ਲਈ ਪ੍ਰਸ਼ੰਸਾ ਕੀਤੀ ਗਈ ਏ। ਇਸ ਬਾਰੇ ਹੋਈ ਕਾਨਫਰੰਸ ਨੂੰ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਸੰਬੋਧਨ ਕੀਤਾ। ਇਸ ਯੋਜਨਾ ਦੇ ਤਹਿਤ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਦੇਸ਼ ਭਰ ਦੇ 50 ਜ਼ਿਲ੍ਹਿਆਂ ਨੂੰ ਸਨਮਾਨਿਤ ਕੀਤਾ ਗਿਆ ਏ। ਪ੍ਰਧਾਨ ਮੰਤਰੀ ਧਨ-ਧਾਨਿਆ ਕ੍ਰਿਸ਼ੀ ਯੋਜਨਾ ਫਾਜ਼ਿਲਕਾ ਸਮੇਤ ਦੇਸ਼ ਦੇ 100 ਘੱਟ ਉਤਪਾਦਕਤਾ ਵਾਲੇ ਖੇਤੀਬਾੜੀ ਜ਼ਿਲ੍ਹਿਆਂ ਤੇ ਧਿਆਨ ਕੇਂਦਰਿਤ ਕਰ ਰਹੀ ਏ ਤਾਂ ਜੋ ਉਤਪਾਦਕਤਾ ਵਧਾਈ ਜਾ ਸਕੇ ਅਤੇ ਕਿਸਾਨਾਂ ਦੀ ਆਮਦਨ ਵਿੱਚ ਸੁਧਾਰ ਕੀਤਾ ਜਾ ਸਕੇ। ਇਹ

ਯੋਜਨਾ ਨੀਤੀ ਆਯੋਗ ਦੇ ਖਾਹਿਸ਼ੀ ਜ਼ਿਲ੍ਹਾ ਪ੍ਰੋਗਰਾਮ ਤੋਂ ਪ੍ਰੇਰਿਤ ਏ ਅਤੇ ਜ਼ਿਲ੍ਹਿਆਂ ਦੇ ਖੇਤੀਬਾੜੀ ਵਿਕਾਸ ਲਈ ਰਾਜ ਯੋਜਨਾਵਾਂ ਅਤੇ ਨਿੱਜੀ ਖੇਤਰ ਦੀ ਭਾਈਵਾਲੀ ਦੇ ਨਾਲ 11 ਮੰਤਰਾਲਿਆਂ ਵਿੱਚ 36 ਮੌਜੂਦਾ ਕੇਂਦਰੀ ਯੋਜਨਾਵਾਂ ਨੂੰ ਜੋੜਦੀ ਏ। ਇਸ ਕਾਨਫਰੰਸ ਵਿਚ ਪੰਜਾਬ ਦੇ ਖੇਤੀਬਾੜੀ ਕਮਿਸ਼ਨਰ ਬਬੀਤਾ ਕਲੇਰ ਤੇ ਫਾਜ਼ਿਲਕਾ ਦੇ ਮੁੱਖ ਖੇਤੀਬਾੜੀ ਅਫਸਰ ਕੁਲਵੰਤ ਸਿੰਘ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਪ੍ਰਧਾਨ ਮੰਤਰੀ ਧਨ-ਧਾਨਿਆ ਕ੍ਰਿਸ਼ੀ ਯੋਜਨਾ ਦੇ ਤਹਿਤ ਜ਼ਿਲ੍ਹੇ ਵੱਲੋਂ ਕੀਤੇ ਗਏ ਕਈ ਉਪਰਾਲਿਆਂ ਲਈ ਫਾਜ਼ਿਲਕਾ ਦੀ ਸ਼ਲਾਘਾ ਕੀਤੀ ਗਈ ਏ।

---

ਜਲੰਧਰ ਡਿਵੀਜ਼ਨ ਦੇ ਪੇਂਡੂ ਖੇਤਰਾਂ ਵਿੱਚ ਡਾਕ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸੇਵਾਵਾਂ ਬਾਰੇ ਜਾਗਰੂਕਤਾ ਫੈਲਾਉਣ ਅਤੇ ਲੋਕਾਂ ਤੱਕ ਡਾਕ ਸੇਵਾਵਾਂ ਦੀ ਪਹੁੰਚ ਵਧਾਉਣ ਦੇ ਉਦੇਸ਼ ਨਾਲ ਪੰਜਾਬ ਡਾਕ ਸਰਕਲ ਵੱਲੋਂ ਡਾਕ ਚੌਪਾਲ ਤਹਿਤ ਮੋਬਾਈਲ ਥੀਏਟਰ ਵੈਨ ਮੁਹਿੰਮ ਸ਼ੁਰੂ ਕੀਤੀ ਗਈ ਏ। ਇਹ ਮੁਹਿੰਮ 12 ਅਕਤੂਬਰ ਤੋਂ 12 ਨਵੰਬਰ 2026 ਤੱਕ ਪੰਜਾਬ ਦੇ ਸਾਰੇ ਡਾਕ

ਡਿਵੀਜ਼ਨਾਂ ਵਿੱਚ ਚਲਾਈ ਜਾਵੇਗੀ। ਇਸ ਦੀ ਸ਼ੁਰੂਆਤ ਜਲੰਧਰ ਡਿਵੀਜ਼ਨ ਅਧੀਨ ਆਉਂਦੇ ਆਦਮਪੁਰ ਦੋਆਬਾ ਡਾਕਘਰ ਤੋਂ ਕੀਤੀ ਗਈ। ਇਸ ਬਾਰੇ ਸਮਾਗਮ ਦਾ ਉਦਘਾਟਨ ਸੀਨੀਅਰ ਸੁਪਰਡੈਂਟ ਆਫ਼ ਪੋਸਟ ਆਫ਼ਿਸਿਜ਼ ਸਤਿੰਦਰ ਸਿੰਘ ਲੇਹਰੀ ਨੇ ਕੀਤਾ। ਉਨ੍ਹਾਂ ਨੇ ਹਾਜ਼ਰ ਲੋਕਾਂ ਨੂੰ ਡਾਕ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਸੇਵਾਵਾਂ ਦਾ ਲਾਭ ਲੈਣ ਲਈ ਪ੍ਰੇਰਿਤ ਵੀ ਕੀਤਾ। ਇਸ ਦੌਰਾਨ ਇਕ ਕੁਇਜ਼ ਮੁਕਾਬਲਾ ਕਰਵਾਇਆ ਗਿਆ ਅਤੇ ਜੇਤੂਆਂ ਨੂੰ ਇਨਾਮ ਵੰਡੇ ਗਏ।

---

ਸੂਬੇ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ ਦੌਰਾਨ ਪੱਛੜੀਆਂ ਸ਼੍ਰੇਣੀਆਂ ਦੇ 139 ਲਾਭਪਾਤਰੀਆਂ ਨੂੰ ਸਵੈ-ਰੋਜ਼ਗਾਰ ਸਥਾਪਤ ਕਰਨ ਲਈ 4 ਕਰੋੜ 82 ਲੱਖ ਰੁਪਏ ਦੇ ਕਰਜ਼ੇ ਮੁਹੱਈਆ ਕਰਵਾਏ ਗਏ ਨੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਨੂੰ ਤਰੱਕੀ ਦੇ ਬਰਾਬਰ ਮੌਕੇ ਪ੍ਰਦਾਨ ਕਰਨ ਲਈ ਨਤੀਜਾ-ਮੁਖੀ ਭਲਾਈ ਨੀਤੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰ ਰਹੀ ਏ।

---

ਪੰਜਾਬ ਸਰਕਾਰ ਨੇ ਪਟਿਆਲਾ ਜ਼ਿਲ੍ਹੇ ਵਿੱਚ ਛਾਤੀ ਅਤੇ ਮੂੰਹ ਦੇ ਕੈਂਸਰ ਦੇ ਜਾਂਚ ਪ੍ਰੋਜੈਕਟ ਨੂੰ ਲਾਗੂ ਕਰਨ ਲਈ ਸਾਬਕਾ ਕ੍ਰਿਕਟਰ ਯੁਵਰਾਜ ਸਿੰਘ ਦੀ ਫਾਊਂਡੇਸ਼ਨ 'YouWeCan' ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ ਨੇ। 12 ਮਹੀਨਿਆਂ ਦੀ ਸਾਂਝੀ ਪਹਿਲਕਦਮੀ ਦੇ ਤਹਿਤ, ਪ੍ਰੋਜੈਕਟ ਦਾ ਉਦੇਸ਼ ਜ਼ਿਲ੍ਹੇ ਭਰ ਵਿੱਚ 20 ਹਜ਼ਾਰ ਲਾਭਪਾਤਰੀਆਂ ਦੀ ਜਾਂਚ ਕਰਨਾ ਏ। ਇਸ ਵਿੱਚ ਅਤਿ-ਆਧੁਨਿਕ ਡਿਵਾਈਸ ਦੀ ਵਰਤੋਂ ਕਰਦੇ ਹੋਏ 10 ਹਜ਼ਾਰ ਔਰਤਾਂ ਲਈ ਵਿਸ਼ੇਸ਼ ਛਾਤੀ ਦੇ ਕੈਂਸਰ ਦੀ ਜਾਂਚ ਸ਼ਾਮਲ ਏ। ਇਸ ਤੋਂ ਇਲਾਵਾ, 10 ਹਜ਼ਾਰ ਮਰਦਾਂ ਅਤੇ ਔਰਤਾਂ ਲਈ ਮੂੰਹ ਦੇ ਕੈਂਸਰ ਲਈ ਵਿਆਪਕ ਕਲੀਨਿਕਲ ਸਕ੍ਰੀਨਿੰਗ ਕੀਤੀ ਜਾਵੇਗੀ। ਇਸ ਪ੍ਰੋਜੈਕਟ ਵਿੱਚ ਯੋਗ ਲਾਭਪਾਤਰੀਆਂ ਨੂੰ ਤੁਰੰਤ ਮੁਫ਼ਤ ਅਤੇ ਨਕਦ ਰਹਿਤ ਇਲਾਜ ਲਈ ਤੀਜੇ ਦਰਜੇ ਦੀਆਂ ਸਿਹਤ ਸਹੂਲਤਾਂ ਨਾਲ ਜੋੜਨ ਲਈ ਇੱਕ ਮਜ਼ਬੂਤ ਰੈਫਰਲ ਵਿਧੀ ਵੀ ਸ਼ਾਮਲ ਏ। ਇਸ ਸਮਝੌਤੇ 'ਤੇ ਸੂਬੇ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਸਿਹਤ ਵਿਭਾਗ ਦੀ

ਡਾਇਰੈਕਟਰ ਡਾ. ਹਿਤਿੰਦਰ ਕੌਰ ਅਤੇ ਯੁਵਰਾਜ ਸਿੰਘ ਫਾਊਂਡੇਸ਼ਨ ਦੇ ਟਰੱਸਟੀ ਪੂਨਮ ਨੰਦਾ ਦੁਆਰਾ ਰਸਮੀ ਤੌਰ 'ਤੇ ਹਸਤਾਖਰ ਕੀਤੇ ਗਏ।

-----------------------------------------------

ਵਿਜੀਲੈਂਸ ਬਿਊਰੋ ਨੇ ਸਤੰਬਰ ਮਹੀਨੇ ਵਿੱਚ 6 ਵੱਖ-ਵੱਖ ਕੇਸਾਂ ਦੌਰਾਨ 6 ਸਰਕਾਰੀ ਅਧਿਕਾਰੀਆਂ ਅਤੇ 2 ਨਿਜੀ ਵਿਅਕਤੀਆਂ ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਏ। ਇਸ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਨੇ ਇਸ ਸਮੇਂ ਦੌਰਾਨ ਜਨਤਕ ਸੇਵਕਾਂ ਅਤੇ ਹੋਰਨਾਂ ਖੇਤਰ ਵਿੱਚੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕੀਤਾ ਏ। ਉਨ੍ਹਾਂ ਦੱਸਿਆ ਕਿ ਵਿਜੀਲੈਂਸ ਨੇ ਪਿਛਲੇ ਮਹੀਨੇ ਦੌਰਾਨ ਵੱਖ-ਵੱਖ ਅਦਾਲਤਾਂ ਵਿੱਚ ਵਿਜੀਲੈਂਸ ਦੇ 23 ਕੇਸਾਂ ਸਬੰਧੀ ਚਲਾਨ ਪੇਸ਼ ਕੀਤੇ। ਇਸ ਤੋਂ ਇਲਾਵਾ, ਭ੍ਰਿਸ਼ਟਾਚਾਰ ਦੇ ਇੱਕ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਵਿਜੀਲੈਂਸ ਜਾਂਚ ਵੀ ਦਰਜ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ 8 ਮੁਲਜ਼ਮਾਂ

ਜਿਨ੍ਹਾਂ ਵਿੱਚ 7 ਸਰਕਾਰੀ ਕਰਮਚਾਰੀ ਨੇ, ਇਨ੍ਹਾਂ ਦੇ ਵਿਰੁੱਧ 4 ਅਪਰਾਧਿਕ ਮਾਮਲੇ ਵੀ ਦਰਜ ਕੀਤੇ ਗਏ ਨੇ।

---------------------------------------------------